**ਪ੍ਰਧਾਨ ਮੰਤਰੀ ਨੇ ਮਾਰੀਸ਼ਸ ਗਣਰਾਜ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ (11 ਮਾਰਚ, 2025)**

11 ਮਾਰਚ, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਮਾਰੀਸ਼ਸ ਗਣਰਾਜ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਧਰਮਬੀਰ ਗੋਖੂਲ ਨਾਲ ਸਟੇਟ ਹਾਊਸ ਵਿਖੇ ਮੁਲਾਕਾਤ ਕੀਤੀ।

2. ਦੋਵੇਂ ਲੀਡਰਾਂ ਨੇ ਭਾਰਤ ਅਤੇ ਮਾਰੀਸ਼ਸ ਦਰਮਿਆਨ ਵਿਸ਼ੇਸ਼ ਅਤੇ ਕਰੀਬੀ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਬਾਰੇ ਵਿਚਾਰ ਸਾਂਝੇ ਕੀਤੇ। ਇਸ ਸੰਦਰਭ ਵਿੱਚ, ਉਨ੍ਹਾਂ ਨੇ ਦੋਵਾਂ ਦੇਸ਼ਾਂ ਦੇ ਵਿੱਚ ਸਾਂਝੇ ਇਤਿਹਾਸ ਅਤੇ ਲੋਕਾਂ ਦੇ ਵਿਚਕਾਰ ਮਜ਼ਬੂਤ ਸੰਬੰਧ ਹੋਣ ਨੂੰ ਯਾਦ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦੂਜੀ ਵਾਰ ਮਾਰੀਸ਼ਸ ਦੇ ਮੁੱਖ ਮਹਿਮਾਨ ਵਜੋਂ ਰਾਸ਼ਟਰੀ ਦਿਵਸ ਸਮਾਰੋਹ ਵਿੱਚ ਹਿੱਸਾ ਲੈਣਾ ਉਨ੍ਹਾਂ ਲਈ ਸਨਮਾਨ ਦੀ ਗੱਲ ਹੈ। ਪ੍ਰਧਾਨ ਮੰਤਰੀ ਨੇ ਵਿਸ਼ੇਸ਼ ਤੌਰ 'ਤੇ ਰਾਸ਼ਟਰਪਤੀ ਗੋਖੂਲ ਅਤੇ ਪਹਿਲੀ ਮਹਿਲਾ ਵ੍ਰਿੰਦਾ ਗੋਖੂਲ ਨੂੰ OCI ਕਾਰਡ ਸੌਂਪੇ। ਪ੍ਰਧਾਨ ਮੰਤਰੀ ਨੇ ਭਾਰਤ ਸਰਕਾਰ ਦੇ ਸਹਿਯੋਗ ਨਾਲ ਸਟੇਟ ਹਾਊਸ ਵਿੱਚ ਸਥਾਪਿਤ ਕੀਤੇ ਆਯੁਰਵੈਦ ਗਾਰਡਨ ਦਾ ਦੌਰਾ ਵੀ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਯੁਰਵੈਦ ਸਮੇਤ ਪਰੰਪਰਿਕ ਦਵਾਈਆਂ ਦੇ ਲਾਭਾਂ ਨੂੰ ਅੱਗੇ ਵਧਾਉਣ ਵਿੱਚ ਮਾਰੀਸ਼ਸ ਭਾਰਤ ਲਈ ਇੱਕ ਮਹੱਤਵਪੂਰਨ ਭਾਈਵਾਲ ਹੈ।

3. ਗੱਲਬਾਤ ਤੋਂ ਬਾਅਦ, ਰਾਸ਼ਟਰਪਤੀ ਗੋਖੂਲ ਨੇ ਪ੍ਰਧਾਨ ਮੰਤਰੀ ਦੇ ਸਨਮਾਨ ਵਿੱਚ ਦੁਪਿਹਰ ਨੂੰ ਰਾਜਕੀ ਭੋਜ ਦਾ ਆਯੋਜਨ ਕੀਤਾ।

ਪੋਰਟ ਲੁਇਸ

11 ਮਾਰਚ, 2025